ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਕਾਂਗਰਸੀ ਆਗੂਆਂ ਨੇ ਮਜ਼ਦੂਰ ਦਿਵਸ ਮੌਕੇ ਤਿਰੰਗੇ ਲਹਿਰਾ ਕੇ ਕੇਂਦਰ ਸਰਕਾਰ ਤੋਂ ਮੰਗਿਆ ਪੰਜਾਬ ਦਾ ਹੱਕ

ਕੇਂਦਰ ਸਰਕਾਰ ਪੰਜਾਬ ਨਾਲ ਬੇਰੁਖ਼ੀ ਵਾਲਾ ਵਤੀਰਾ ਬੰਦ ਕਰੇ-ਸੋਨੀ

ਰਾਹਤ ਤਾਂ ਕੀ ਪੰਜਾਬ ਨੂੰ ਅਜੇ ਤੱਕ ਜੀ ਐਸ ਟੀ ਦੇ ਪੂਰੇ ਬਕਾਏ ਵੀ ਨਹੀਂ ਦਿੱਤੇ-ਸਰਕਾਰੀਆ

ਕੇਦਰ ਸਰਕਾਰ ਸੰਵਿਧਾਨਕ ਜ਼ਿੰਮੇਵਾਰੀ ਤੋਂ ਨਾ ਭੱਜੇ-ਔਜਲਾ

ਕੌਮਾਂਤਰੀ ਮਜਦੂਰ ਦਿਵਸ ਮੌਕੇ ਰਾਸ਼ਟਰ ਨਿਰਮਾਣ ਵਿੱਚ ਕੀਰਤੀਆਂ ਦੇ ਯੋਗਦਾਨ ਨੂੰ ਕੀਤਾ ਨਮਨ

ਅੰਮ੍ਰਿਤਸਰ, 1 ਮਈ:

ਅੱਜ ਮਜਦੂਰ ਦਿਵਸ ਮੌਕੇ ਜਿਲਾ ਕਾਂਗਰਸ ਕਮੇਟੀ ਸ਼ਹਿਰੀ ਅਤੇ ਦਿਹਾਤੀ ਵੱਲੋਂ ਵੱਖ-ਵੱਖ ਥਾਂਵਾਂ ਤੇ ਕੇਂਦਰ ਸਰਕਾਰ ਦੀਆਂ ਪੰਜਾਬ ਵਿਰੋਧੀ ਨੀਤੀਆਂ ਨੂੰ ਲੈ ਕੇ ਤਿਰੰਗਾ ਲਹਿਰਾ ਕੇ ਪੰਜਾਬ ਦੀਆਂ ਹੱਕੀ ਮੰਗਾਂ ਦੀ ਆਵਾਜ ਬੁਲੰਦ ਕੀਤੀ ਅਤੇ ਦੇਸ਼ ਦੇ ਨਿਰਮਾਣ ਵਿੱਚ ਭੂਮਿਕਾ ਨਿਭਾਉਣ ਵਾਲੇ ਮਜਦੂਰਾਂ ਦੇ ਯੋਗਦਾਨ ਨੂੰ ਨਮਨ ਕੀਤਾ ਗਿਆ।

ਇਸ ਮੌਕੇ ਡਾਕਟਰੀ ਸਿਖਿਆ ਤੇ ਖੋਜ ਮੰਤਰੀ ਸ੍ਰੀ ਓਮ ਪ੍ਰਕਾਸ਼ ਸੋਨੀ , ਸ਼ਹਿਰੀ ਵਿਕਾਸ ਤੇ ਖਣਨ ਮੰਤਰੀ ਸ੍ਰ ਸੁਖਬਿੰਦਰ ਸਿੰਘ ਸਰਕਾਰੀਆ, ਸੰਸਦ ਮੈਂਬਰ ਸ੍ਰ ਗੁਰਜੀਤ ਸਿੰਘ ਔਜਲਾ, ਸ੍ਰ ਹਰਪ੍ਰਤਾਪ ਸਿੰਘ ਅਜਨਾਲਾ, ਸ੍ਰ ਤਰਸੇਮ ਸਿੰਘ ਡੀ:ਸੀ, ਸ੍ਰ ਸੰਤੋਖ ਸਿੰਘ ਭਲਾਈਪੁਰ (ਸਾਰੇ ਵਿਧਾਇਕ), ਸ੍ਰ ਭਗਵੰਤਪਾਲ ਸਿੰਘ ਸੱਚਰ ਪ੍ਰਧਾਨ ਕਾਂਗਰਸ ਕਮੇਟੀ ਦਿਹਾਤੀ ਨੇ ਇਕ ਸੁਰ ਵਿੱਚ ਆਵਾਜ਼ ਬੁਲੰਦ ਕਰਕੇ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਨਾਲ ਵਿਤਕਰਾ ਬੰਦ ਕਰੇ ਅਤੇ ਇਸ ਔਖੀ ਘੜੀ ਵਿੱਚ ਜਿਥੇ ਪੰਜਾਬ ਨੂੰ ਵਿਸ਼ੇਸ਼ ਆਰਥਿਕ ਪੈਕੇਜ ਦਿੱਤਾ ਜਾਣਾ ਸੀ, ਉਥੇ ਰਾਜ ਦਾ ਬਣਦਾ ਜੀ:ਐਸ:ਟੀ ਬਕਾਇਆ ਵੀ ਰੋਕਿਆ ਹੋਇਆ ਹੈ, ਜਿਸ ਨੂੰ ਬਿਨਾਂ ਕਿਸੇ ਦੇਰੀ ਦੇ ਜਾਰੀ ਕੀਤਾ ਜਾਵੇ। ਉਨਾਂ ਕਿਹਾ ਕਿ ਦੇਸ਼ ਅੰਦਰ ਫੈਲੀ ਇਸ ਭਿਆਨਕ ਬਿਮਾਰੀ ਕੇਂਦਰ ਸਰਕਾਰ ਨੂੰ ਬਿਨਾਂ ਕਿਸੇ ਪੱਖਪਾਤ ਦੇ ਰਾਜਾਂ ਨਾਲ ਵਰਤਾਓ ਕਰਨਾ ਚਾਹੀਦਾ ਹੈ।

ਸ੍ਰੀ ਸੋਨੀ ਨੇ ਕਿਹਾ ਕਿ ਜਦੋਂ ਤੋਂ ਕੋਵਿਡ -19 ਦਾ ਸੰਕਟ ਪੈਦਾ ਹੋਇਆ ਹੈ ਕੇਂਦਰ ਦਾ ਪੰਜਾਬ ਨਾਲ ਬੇਰੁੱਖੀ ਵਾਲਾ ਰਵੱਈਆ ਰਿਹਾ ਹੈ ਜੋ ਕਿ ਪੰਜਾਬ ਲਈ ਬਰਦਾਸ਼ਤ ਕਰਨਾ ਔਖਾ ਹੈ। ਉਨਾਂ ਕਿਹਾ ਕਿ ਕੇਂਦਰ ਨੇ ਪੰਜਾਬ ਨੂੰ ਵਿਸੇਸ਼ ਪੈਕੇਜ ਤਾਂ ਕੀ ਦੇਣਾ ਸੀ ਜਦ ਕਿ ਸਾਨੂੰ ਸਾਡਾ ਬਣਦਾ ਜੀ :ਐਸ:ਟੀ ਬਕਾਇਆ ਵੀ ਨਹੀਂ ਦਿਤਾ ਗਿਆ। ਸ੍ਰ ਸਰਕਾਰੀਆ ਨੇ ਸਪਸ਼ਟ ਤੌਰ ਤੇ ਕਿਹਾ ਕਿ ਪੰਜਾਬ ਵਿੱਚ ਜੋ ਯਾਤਰੀ, ਵਿਦਿਆਰਥੀ ਜਾਂ ਮਜਦੂਰ ਬਾਹਰੀ ਰਾਜਾਂ ਤੋਂ ਆਏ ਹਨ ਦੀ ਦੇਖਭਾਲ ਲਈ ਸਾਰੇ ਨਿਯਮਾਂ ਦੀ ਪਾਲਣਾ ਕੀਤੀ ਜਾ ਰਹੀ ਹੈ ਅਤੇ ਸਭ ਨੂੰ ਏਕਾਂਤਵਾਸ ਵਿੱਚ ਰੱਖਿਆ ਜਾ ਰਿਹਾ ਹੈ। ਸ੍ਰ ਸਰਕਾਰੀਆ ਨੇ ਕਿਹਾ ਕਿ ਕੋਵਿਡ-19 ਦੇ ਟਾਕਰੇ ਲਈ ਪੰਜਾਬ ਨੂੰ ਸਿੱਧੇ ਤੌਰ ਤੇ 71 ਕਰੋੜ ਰੁਪਏ ਦੀ ਮਦਦ ਹੀ ਮਿਲੀ ਹੈ, ਜਦ ਕਿ ਹੋਰ ਜੋ ਰਕਮਾਂ ਪ੍ਰਾਪਤ ਹੋਈਆਂ ਹਨ ਉਹ ਪੰਜਾਬ ਰਾਜ ਦਾ ਆਪਣਾ ਹੱਕ ਸੀ ਅਤੇ ਉਹ ਇਸ ਮਹਾਂਮਾਰੀ ਦੇ ਨਾ ਆਉਣ ਤੇ ਵੀ ਪੰਜਾਬ ਨੂੰ ਮਿਲਣਾ ਸੀ।

ਇਸ ਮੌਕੇ ਸ੍ਰ ਔਜਲਾ ਨੇ ਕਿਹਾ ਕਿ ਪੰਜਾਬ ਨੇ ਹਮੇਸ਼ਾਂ ਦੇਸ਼ ਦੀ ਤਰੱਕੀ ਵਿੱਚ ਮੋਹਰੀ ਭੂਮਿਕਾ ਨਿਭਾਈ ਹੈ ਅਤੇ ਸੰਘੀ ਢਾਂਚੇ ਵਿੱਚ ਕੇਂਦਰ ਸਰਕਾਰ ਦਾ ਫ਼ਰਜ ਬਣਦਾ ਹੈ ਕਿ ਉਹ ਕਿਸੇ ਵੀ ਅੰਦਰੂਨੀ ਜਾਂ ਬਾਹਰੀ ਆਫਤ ਸਮੇਂ ਰਾਜਾਂ ਦੀ ਮਦਦ ਕਰੇ ਜੋ ਭਾਰਤ ਸਰਕਾਰ ਦੀ ਸੰਵਿਧਾਨਕ ਜਿੰਮੇਵਾਰੀ ਬਣਦੀ ਹੈ।

ਇਸ ਤੋਂ ਪਹਿਲਾਂ ਸ੍ਰੀ ਓ:ਪੀ: ਸੋਨੀ ਵੱਲੋਂ ਆਪਣੇ ਦਫਤਰ ਵਿਖੇ ਕਾਂਗਰਸ ਸੇਵਾ ਦਲ ਮੈਂਬਰਾਂ ਨਾਲ ਝੰਡਾ ਲਹਿਰਾਇਆ ਅਤੇ ਮਜਦੂਰਾਂ ਨੂੰ ਨਮਨ ਕੀਤਾ। ਇਸ ਮੌਕੇ ਸ੍ਰ ਸਰਕਾਰੀਆ ਵੱਲੋਂ ਜਿਲਾ ਕਾਂਗਰਸ ਕਮੇਟੀ ਦਿਹਾਤੀ ਦੇ ਦਫਤਰ ਵਿਖੇ ਤਿਰੰਗਾ ਲਹਿਰਾ ਕੇ ਕੇਂਦਰ ਸਰਕਾਰ ਦੀਆਂ ਗਲਤ ਨੀਤੀਆਂ ਖਿਲਾਫ ਰੋਸ ਜਾਹਿਰ ਕੀਤਾ।

ਇਸ ਮੌਕੇ ਸ: ਸਵਿੰਦਰ ਸਿੰਘ ਕੱਥੂਨੰਗਲ, ਸੀ ਵਿਕਾਸ ਸੋਨੀ, ਸ੍ਰੀ ਇੰਦਰ ਖੰਨਾ, ਸ੍ਰੀ ਵਲੈਤੀ ਲਾਲ ਆਨੰਦ, ਸ੍ਰੀ ਗੁਲਜਾਰੀ ਲਾਲ, ਸ੍ਰੀ ਮਹਿੰਦਰ ਸਿੰਘ, ਸ੍ਰੀ ਵਿਨੋਦ ਕੁਮਾਰ ਸਾਰੇ ਸੇਵਾ ਦਲ ਦੇ ਮੈਂਬਰ ਵੀ ਹਾਜ਼ਰ ਸਨ।

-----

ਕੈਪਸ਼ਨ

ਸ੍ਰੀ ਓਮ ਪ੍ਰਕਾਸ਼ ਸੋਨੀ ਡਾਕਟਰੀ ਸਿਖਿਆ ਤੇ ਖੋਜ ਮੰਤਰੀ ਪੰਜਾਬ ਤਿਰੰਗਾ ਲਹਿਰਾਉਂਦੇ ਹੋਏ।

ਸ੍ਰ ਸੁਖਬਿੰਦਰ ਸਿੰਘ ਸਰਕਾਰੀਆ ਕਾਂਗਰਸ ਕਮੇਟੀ ਦਿਹਾਤੀ ਦੇ ਦਫਤਰ ਵਿਖੇ ਤਿਰੰਗਾ ਲਹਿਰਾਉਂਦੇ ਹੋਏ। ਨਾਲ ਹਨ ਸ੍ਰ ਸੰਤੋਖ ਸਿੰਘ ਭਲਾਈਪੁਰ ਵਿਧਾਇਕ ਅਤੇ ਭਗਵੰਤ ਪਾਲ ਸਿੰਘ ਸੱਚਰ।

==========

ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਕਰਫਿਊ ਦੇ ਚੱਲਦੇ ਖੇਤੀ ਵਿਭਾਗ ਨੇ ਕੰਟਰੋਲ ਰੂਮ ਦਾ ਸਮਾਂ 17 ਮਈ ਤੱਕ ਵਧਾਇਆ

ਅੰਮ੍ਰਿਤਸਰ, 1 ਮਈ ( ) –

ਕਰਫਿਊ ਦੇ ਦਿਨ ਤੋਂ ਹੀ ਕਿਸਾਨਾਂ ਨਾਲ ਫਸਲਾਂ ਦੀਆਂ ਸਮੱਸਿਆਵਾਂ ਤੇ ਸਾਉਣੀ ਦੀਆਂ ਫਸਲਾਂ ਦੀ ਬਿਜਾਈ ਲਈ ਖਾਦ, ਬੀਜ ਤੇ ਕੀਟਨਾਸ਼ਕਾਂ ਆਦਿ ਦੀ ਸਲਾਹ ਦੇਣ ਲਈ ਖੇਤੀਬਾੜੀ ਵਿਭਾਗ ਨੇ ਫੋਨ ਉਤੇ ਕਾਸਨਾਂ ਨੂੰ ਹਰੇਕ ਤਰਾਂ ਦੀ ਜਾਣਕਾਰੀ ਦੇਣ ਲਈ ਬਣਾਏ ਗਏ ਕੰਟਰੋਲ ਰੂਮ ਦਾ ਸਮਾਂ 17 ਮਈ ਤੱਕ ਵਧਾ ਦਿੱਤਾ ਹੈ। ਜ਼ਿਲਾ ਖੇਤੀ ਅਧਿਕਾਰੀ ਸ. ਹਰਿੰਦਰਜੀਤ ਸਿੰਘ ਨੇ ਦੱਸਿਆ ਕਿ ਹੁਣ ਸਾਉਣੀ ਦੀਆਂ ਫਸਲਾਂ ਦੀ ਕਾਸ਼ਤ, ਉਨਾਂ ਲਈ ਬੀਜ਼, ਖਾਦ ਤੇ ਦਵਾਈਆਂ ਆਦਿ ਦਾ ਢੁਕਵਾਂ ਸਮਾਂ ਹੈ, ਸੋ ਕਿਸਾਨ ਕਰਫਿਊ ਦੇ ਚੱਲਦੇ ਖੇਤੀ ਮਾਹਿਰਾਂ ਦੀ ਰੈਅ ਲੈਣ ਲਈ ਇਸ ਕੰਟਰੋਲ ਰੂਮ ਦੀ ਵਰਤੋਂ ਕਰ ਸਕਦੇ ਹਨ। ਉਨਾਂ ਦੱਸਿਆ ਕਿ ਇਸ ਲਈ ਵੱਖ-ਵੱਖ ਅਧਿਕਾਰੀਆਂ ਦੀਆਂ ਬਕਾਇਦਾ ਡਿਊਟੀ ਲਗਾਈ ਗਈ ਹੈ, ਜੋ ਕਿ ਰੋਜ਼ਾਨਾ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਕਿਸਾਨਾਂ ਦੇ ਸਵਾਲਾਂ ਦਾ ਜਵਾਬ ਤੇ ਸਲਾਹ ਦਿੰਦੇ ਹਨ। ਉਨਾਂ ਦੱਸਿਆ ਕਿ 17 ਮਈ ਤੱਕ ਤਿਆਰ ਕੀਤੇ ਗਏ ਰੋਸਟਰ ਅਨੁਸਾਰ ਸੁਖਮਿੰਦਰ ਸਿੰਘ ਉਪਲ ਏ ਡੀ ਓ (ਇਨਫੋਰਸਮੈਂਟ) 3, 6, 9, 12 ਅਤੇ 15 ਮਈ ਨੂੰ ਆਪਣੇ ਫੋਨ ਨੰਬਰ 8872900030 ਉਤੇ ਕਿਸਾਨਾਂ ਲਈ ਹਾਜ਼ਰ ਰਹਿਣਗੇ। ਇਸੇ ਤਰਾਂ ਸੁਖਚੈਨ ਸਿੰਘ ਏ ਡੀ ਓ (ਬੀਜ) 2, 5, 8, 11, 14 ਅਤੇ 17 ਮਈ ਨੂੰ ਉਨਾਂ ਦੇ ਫੋਨ ਨੰਬਰ ਉਤੇ 9814860114 ਉਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨਾਂ ਦੱਸਿਆ ਕਿ ਬਲਵਿੰਦਰ ਸਿੰਘ ਛੀਨਾ ਏ. ਡੀ. ਓ ਪੌਦ ਸੁਰੱਖਿਆ 4, 7, 10, 13 ਅਤੇ 16 ਮਈ ਨੂੰ ਕਿਸਾਨ ਵੀਰਾਂ ਦੀ ਸੇਵਾ ਵਿਚ ਕੰਟਰੋਲ ਰੂਮ ਉਤੇ ਡਿਊਟੀ ਕਰਨਗੇ। ਉਨਾਂ ਜਿਲੇ ਦੇ ਕਿਸਾਨ ਵੀਰਾਂ ਨੂੰ ਬੇਨਤੀ ਕੀਤੀ ਕਿ ਉਹ ਬੀਜਾਂ, ਖਾਦਾਂ ਅਤੇ ਕੀਟਨਾਸ਼ਕ ਦਵਾਈਆਂ ਬਾਰੇ ਕਿਸੇ ਵੀ ਤਰਾਂ ਦੀ ਜਾਣਕਾਰੀ ਉਕਤ ਨੰਬਰਾਂ ਉਤੇ ਫੋਨ ਕਰਕੇ ਪ੍ਰਾਪਤ ਕਰ ਸਕਦੇ ਹਨ, ਤਾਂ ਜੋ ਉਨਾਂ ਨੂੰ ਖੇਤੀ ਲਈ ਕਿਸੇ ਤਰਾਂ ਦੀ ਕੋਈ ਸਮੱਸਿਆ ਨਾ ਆਵੇ।

==========

ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਬਾਹਰਲੇ ਰਾਜਾਂ ਦੇ ਲੋਕ ਵਾਪਸ ਜਾਣ ਲਈ ਤਰੁੰਤ ਆਨ-ਲਾਈਨ ਅਪਲਾਈ ਕਰਨ-ਡਿਪਟੀ ਕਮਿਸ਼ਨਰ

ਅੰਮ੍ਰਿਤਸਰ, 1 ਮਈ ( )-

ਪੰਜਾਬ ਸਰਕਾਰ ਵੱਲੋਂ ਕੋਵਿਡ-19 ਦੇ ਫੈਲਾਅ ਨੂੰ ਰੋਕਣ ਲਈ ਸੂਬੇ ਵਿੱਚ ਲਗਾਏ ਗਏ ਕਰਫਿਊ/ਲਾਕਡਾਊਨ ਕਾਰਨ ਪੰਜਾਬ ਵਿੱਚ ਫਸੇ ਵਿਅਕਤੀਆਂ ਦੇ ਆਪਣੇ ਪਿਤਰੀ ਰਾਜ ਵਾਪਸ ਜਾਣ ਸਬੰਧੀ ਸਟੈਂਡਰਡ ਆਪਰੇਟਿੰਗ ਪ੍ਰੋਸੀਜ਼ਰ (ਐਸ.ਓ.ਪੀ.) ਜਾਰੀ ਕਰ ਦਿੱਤਾ ਗਿਆ ਹੈ। ਇਸ ਬਾਰੇ ਜਾਣਕਾਰੀ ਦਿੰਦੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਦੱਸਿਆ ਕਿ ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਵਿੱਚ ਫਸੇ ਵਿਅਕਤੀਆਂ ਦੇ ਆਪਣੇ ਪਿਤਰੀ ਰਾਜ ਵਾਪਸ ਜਾਣ ਦੀ ਪ੍ਰਕਿਰਿਆ 5 ਮਈ, 2020 ਨੂੰ ਸ਼ੁਰੂ ਹੋਵੇਗੀ। ਉਨਾਂ ਦੱਸਿਆ ਕਿ ਜੋ ਵਿਅਕਤੀ ਆਪਣੇ ਰਾਜ ਜਾਣਾ ਚਾਹੁੰਦੇ ਹਨ ਉਹ ਆਨ ਲਾਈਨ ਇਹ ਪ੍ਰੋਫਾਰਮਾ www.covidhelp.punjab.gov.in.'ਤੇ ਉਪਲੱਬਧ ਹੈ, ਤੁਰੰਤ ਭਰਨ।

ਉਨਾਂ ਕਿਹਾ ਕਿ ਇੱਕ ਵਾਰ ਜਦੋਂ ਕੋਈ ਵਿਅਕਤੀ ਆਪਣੇ ਪਰਿਵਾਰ / ਸਮੂਹ ਲਈ ਲਿੰਕ 'ਤੇ ਪ੍ਰੋਫਾਰਮਾ ਭਰਦਾ ਹੈ ਤਾਂ ਉਸਨੂੰ ਪੂਰੇ ਪਰਿਵਾਰ / ਸਮੂਹ ਲਈ ਇੱਕ ਸਿਸਟਮ ਦੁਆਰਾ ਜਨਰੇਟ ਆਈ.ਡੀ. ਮਿਲੇਗੀ। ਆਪਣੇ ਪਿਤਰੀ ਰਾਜ ਜਾਣ ਦੇ ਇਛੁੱਕ ਵਿਅਕਤੀਆਂ ਦੁਆਰਾ ਦਿੱਤੇ ਹੋਏ ਲਿੰਕ 'ਤੇ ਮੁਕੰਮਲ ਜਾਣਕਾਰੀ 03-05-2020 ਨੂੰ ਸਵੇਰੇ 09:00 ਵਜੇ ਤੱਕ ਭਰ ਦਿੱਤੀ ਜਾਣੀ ਚਾਹੀਦੀ ਹੈ।

ਉਨਾਂ ਦੱਸਿਆ ਕਿ ਵਾਪਸ ਜਾਣ ਦੇ ਇੱਛੁੱਕ ਵਿਅਕਤੀਆਂ ਦੀ ਸਿਹਤ ਦੀ ਜਾਂਚ ਲਈ ਹੈਲਥ ਚੈਕਅੱਪ ਕੈਂਪ ਲਗਾਇਆ ਜਾਵੇਗਾ। ਇੱਕ ਕੈਂਪ ਵਿੱਚ ਇਕੋ ਪਰਿਵਾਰ ਦੇ ਮੈਂਬਰਾਂ/ਸਮੂਹ ਦੀ ਸਕਰੀਨਿੰਗ ਕੀਤੀ ਜਾਵੇਗੀ। ਜਦੋਂ ਕਿਸੇ ਵਿਅਕਤੀ ਦੀ ਜਾਂਚ ਕੀਤੀ ਜਾਂਦੀ ਹੈ ਅਤੇ ਉਸ ਵਿੱਚ ਕੋਈ ਲੱਛਣ ਨਹੀਂ ਪਾਏ ਜਾਂਦੇ ਤਾਂ ਉਸਨੂੰ ਸਿਹਤ ਟੀਮ ਦੁਆਰਾ ਐਫ ਦੇ ਰੂਪ ਵਿੱਚ ਇੱਕ ਸਰਟੀਫਿਕੇਟ ਦਿੱਤਾ ਜਾਵੇਗਾ।

ਉਨਾਂ ਕਿਹਾ ਕਿ ਵਿਅਕਤੀਆਂ ਦੀ ਵਾਪਸੀ ਸਬੰਧੀ ਆਵਾਜਾਈ 5 ਮਈ, 2020 ਤੋਂ ਸ਼ੁਰੂ ਹੋਵੇਗੀ। ਬੱਸਾਂ ਜਾਂ ਆਵਾਜਾਈ ਦੇ ਹੋਰ ਸਾਧਨ ਜੋ ਇਨਾਂ ਵਿਅਕਤੀਆਂ ਨੂੰ ਲਿਜਾਣ ਲਈ ਜਾਣਗੇ, ਦੀ ਗਿਣਤੀ ਅਤੇ ਹੋਰ ਵੇਰਵੇ ਡੀਸੀਜ਼ ਨਾਲ ਵੱਖਰੇ ਤੌਰ 'ਤੇ ਸਾਂਝੇ ਕੀਤੇ ਜਾਣਗੇ।

===========

ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਜੰਮੂ-ਕਸ਼ਮੀਰ ਦੇ ਦੋ ਲੋਕ ਵਾਪਸ ਜਾਣਾ ਚਾਹੁੰਦੇ ਹਨ ਉਹ 2 ਮਈ ਦੁਪਹਿਰ ਤੱਕ ਸੰਪਰਕ ਕਰਨ-ਡਿਪਟੀ ਕਮਿਸ਼ਨਰ

ਅੰਮ੍ਰਿਤਸਰ, 1 ਮਈ ( )-

ਪੰਜਾਬ ਸਰਕਾਰ ਨੇ ਜੰਮੂ-ਕਸ਼ਮੀਰ ਦੇ ਉਹ ਲੋਕ ਜੋ ਪੰਜਾਬ ਰਾਜ ਵਿਚ ਕਰਫਿਊ ਕਾਰਨ ਫਸੇ ਹੋਏ ਹਨ, ਨੂੰ ਵਾਪਸ ਭੇਜਣ ਦਾ ਫੈਸਲਾ ਜੰਮੂ-ਕਸ਼ਮੀਰ ਸਰਕਾਰ ਦੀ ਸਲਾਹ ਨਾਲ ਕਰ ਲਿਆ ਹੈ। ਇਸ ਬਾਬਤ ਜਾਣਕਾਰੀ ਦਿੰਦੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਦੱਸਿਆ ਕਿ ਜੋ ਵੀ ਜੰਮੂ-ਕਸ਼ਮੀਰ ਨਾਲ ਸਬੰਧਤ ਲੋਕ ਅੰਮ੍ਰਿਤਸਰ ਜਿਲੇ ਵਿਚੋਂ ਆਪਣੇ ਰਾਜ ਜਾਣਾ ਚਾਹੁੰਦੇ ਹਨ, ਉਹ ਕੱਲ ਭਾਵ 2 ਮਈ 2020 ਦੁਪਿਹਰ 12 ਵਜੇ ਤੱਕ ਸਾਡੇ ਕੰਟਰੋਲ ਰੂਮ ਦੇ ਫੋਨ ਨੰਬਰ 0183-2500898 ਉਤੇ ਸੰਪਰਕ ਕਰਨ, ਤਾਂ ਜੋ ਉਨਾਂ ਨੂੰ ਵਾਪਸ ਭੇਜਣ ਦਾ ਪ੍ਰਬੰਧ ਕੀਤਾ ਜਾ ਸਕੇ। ਉਨਾਂ ਕਿਹਾ ਕਿ ਇਸ ਸਮੇਂ ਦੌਰਾਨ ਉਹ ਫੋਨ ਕਰਕੇ ਜਾਣਕਾਰੀ ਲੈ ਸਕਦੇ ਹਨ ਅਤੇ ਇਸ ਮਗਰੋਂ ਉਨਾਂ ਨੂੰ ਜਾਣ ਬਾਰੇ ਪ੍ਰੋਗਰਾਮ ਦੇ ਦਿੱਤਾ ਜਾਵੇਗਾ।

=========

ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਸਰਬਤ ਦੇ ਭਲੇ ਦੀ ਦੁਆ ਕਰਨ ਸ੍ਰੀ ਦਰਬਾਰ ਸਾਹਿਬ ਪੁੱਜੇ ਸਹਿਕਾਰਤਾ ਮੰਤਰੀ

ਵਾਹਿਗੁਰੂ ਮਹਾਂਮਾਰੀ ਤੋਂ ਲੋਕਾਈ ਨੂੰ ਬਚਾਏ-ਸੁਖਜਿੰਦਰ ਸਿੰਘ ਰੰਧਾਵਾ

ਅੰਮ੍ਰਿਤਸਰ, 1 ਮਈ ( )-

'ਕੋਰੋਨਾ ਰੂਪੀ ਮਹਾਂਮਾਰੀ ਜਿਸਦਾ ਅਜੇ ਤੱਕ ਡਾਕਟਰੀ ਵਿਗਿਆਨ ਕੋਲ ਕੋਈ ਇਲਾਜ ਨਹੀਂ ਹੈ, ਤੋਂ ਕੇਵਲ ਵਾਹਿਗੁਰੂ ਹੀ ਲੋਕਾਈ ਨੂੰ ਬਚਾਅ ਸਕਦਾ ਹੈ, ਸੋ ਅੱਜ ਮੈਂ ਸਰਬਤ ਦੇ ਭਲੇ ਦੀ ਅਰਦਾਸ ਕਰਨ ਲਈ ਸ੍ਰੀ ਗੁਰੂ ਰਾਮਦਾਸ ਜੀ ਦੇ ਚਰਨਾਂ ਵਿਚ ਹਾਜ਼ਰ ਹੋਇਆ ਹਾਂ।' ਉਕਤ ਸਬਦਾਂ ਦਾ ਪ੍ਰਗਟਾਵਾ ਸਹਿਕਾਰਤਾ ਅਤੇ ਜੇਲ ਮੰਤਰੀ ਸ. ਸੁਖਜਿੰਦਰ ਸਿੰਘ ਰੰਧਾਵਾ ਨੇ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕੀਤਾ। ਉਨਾਂ ਨਾਲ ਇਸ ਮੌਕੇ ਕਾਂਗਰਸ ਦਿਹਾਤੀ ਦੇ ਪ੍ਰਧਾਨ ਸ. ਭਗਵੰਤਪਾਲ ਸਿੰਘ ਸੱਚਰ ਵੀ ਹਾਜ਼ਰ ਸਨ।

ਸ ਰੰਧਾਵਾ ਨੇ ਕਿਹਾ ਕਿ ਜਦੋਂ ਦਵਾ ਕੰਮ ਨਾ ਕਰੇ ਤਾਂ ਦੁਆ ਕੰਮ ਕਰਦੀ ਹੈ, ਸੋ ਮੈਂ ਇੱਥੇ ਗੁਰੂ ਰਾਮਦਾਸ ਅੱਗੇ ਸਰਬਤ ਦੇ ਭਲੇ ਦੀ ਅਰਦਾਸ ਕਰਨ ਲਈ ਹੀ ਆਇਆ ਹਾਂ। ਕਰੀਬ 2 ਘੰਟੇ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿਚ ਬਤੀਤ ਕਰਦੇ ਵਕਤ ਸ. ਰੰਧਾਵਾ ਨੇ ਦੁੱਖ ਭੰਜਨੀ ਬੇਰੀ ਹੇਠ ਇਸ਼ਨਾਨ ਕੀਤਾ, ਕੜਾਹ-ਪ੍ਰਸ਼ਾਦ ਦੀ ਦੇਗ ਕਰਵਾਈ, ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਉਥੇ ਬੈਠ ਕੇ ਕਰੀਬ ਇਕ ਘੰਟਾ ਕੀਰਤਨ ਸਰਵਣ ਕੀਤਾ। ਸਬੱਬ ਨਾਲ ਉਸ ਵਕਤ ਸ੍ਰੀ ਦਰਬਾਰ ਸਾਹਿਬ ਦੇ ਰਾਗੀ ਸਿੰਘ ਲੋਕਾਈ ਨੂੰ ਔਖੀ ਘੜੀ ਤੋਂ ਕੱਢਣ ਲਈ ਵਾਹਿਗੁਰੂ ਅੱਗੇ ਅਰਦਾਸ ਬੇਨਤੀ ਕਰਦਾ ਸ਼ਬਦ ਹੀ ਗਾ ਰਹੇ ਸਨ। ਇਸ ਮਗਰੋਂ ਸ. ਰੰਧਾਵਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵੀ ਨਤਮਸਤਕ ਹੋਏ। ਉਨਾਂ ਕਿਹਾ ਕਿ ਮੈਨੂੰ ਅੱਜ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋ ਕੇ ਬੇਹੱਦ ਅਨੰਦ ਆਇਆ, ਪਰ ਕਰਫਿਊ ਕਾਰਨ ਸੰਗਤ ਦੀ ਘਾਟ ਵੀ ਮਨ ਨੂੰ ਮਹਿਸੂਸ ਹੋਈ। ਉਨਾਂ ਅਰਦਾਸ ਕੀਤੀ ਕਿ ਵਾਹਿਗੁਰੂ ਕਰੇ ਕਿ ਛੇਤੀ ਹੀ ਮੁੜ ਪਹਿਲਾਂ ਦੀ ਤਰਾਂ ਰੌਣਕ ਲੱਗੇ ਤੇ ਸੰਗਤ ਬੇਰੋਕ-ਟੋਕ ਦਰਬਾਰ ਸਾਹਿਬ ਨਤਮਸਤਕ ਹੋਣ ਲਈ ਪਹੁੰਚੇ।

ਕੈਪਸ਼ਨ

ਸਹਿਕਾਰਤਾ ਤੇ ਜੇਲ ਮੰਤਰੀ ਸ. ਸੁਖਜਿੰਦਰ ਸਿੰਘ ਰੰਧਾਵਾ ਸ੍ਰੀ ਦਰਬਾਰ ਸਾਹਿਬ ਨਤਮਸਤਕ ਹੋਣ ਮੌਕੇ। ਨਾਲ ਹਨ ਸ. ਭਗਵੰਤਪਾਲ ਸਿੰਘ ਸੱਚਰ।

===========